**ਉਸਤਤਿ ਮਨ ਮਹਿ ਕਰਿ ਨਿਰੰਕਾਰ ॥ ਕਰਿ ਮਨ ਮੇਰੇ ਸਤਿ ਬਿਉਹਾਰ ॥ ਨਿਰਮਲ ਰਸਨਾ ਅੰਮ੍ਰਿਤੁ ਪੀਉ ॥ ਸਦਾ ਸੁਹੇਲਾ ਕਰਿ ਲੇਹਿ ਜੀਉ ॥ ਨੈਨਹੁ ਪੇਖੁ ਠਾਕੁਰ ਕਾ ਰੰਗੁ ॥ ਸਾਧਸੰਗਿ ਬਿਨਸੈ ਸਭ ਸੰਗੁ ॥ ਚਰਨ ਚਲਉ ਮਾਰਗਿ ਗੋਬਿੰਦ ॥ ਮਿਟਹਿ ਪਾਪ ਜਪੀਐ ਹਰਿ ਬਿੰਦ ॥ ਕਰ ਹਰਿ ਕਰਮ ਸ੍ਰਵਨਿ ਹਰਿ ਕਥਾ ॥ ਹਰਿ ਦਰਗਹ ਨਾਨਕ ਊਜਲ ਮਥਾ ॥੨॥** {ਪੰਨਾ 281}

ਪਦਅਰਥ:- ਉਸਤਤਿ—ਵਡਿਆਈ, ਸਿਫ਼ਤਿ-ਸਾਲਾਹ। ਸਤਿ—ਸੱਚਾ। ਬਿਉਹਾਰ—ਵਿਹਾਰ। ਰਸਨਾ—ਜੀਭ ਨਾਲ। ਸੁਹੇਲਾ—ਸੌਖਾ, ਸੁਖੀ। ਜੀਉ—ਜਿੰਦ। ਨੈਨਹੁ—ਅੱਖਾਂ ਨਾਲ। ਰੰਗੁ—ਤਮਾਸ਼ਾ, ਖੇਲ। ਸਾਧ ਸੰਗਿ—ਸਾਧਾਂ ਦੀ ਸੰਗਤਿ ਵਿਚ। ਸਭ ਸੰਗੁ—ਹੋਰ ਸਭ ਸੰਗ, ਹੋਰ ਸਭ ਦਾ ਸੰਗ, ਹੋਰ ਸਭ ਦਾ ਮੋਹ। ਚਲਉ—ਚਲੋ। ਮਾਰਗਿ—ਰਸਤੇ ਤੇ। ਬਿੰਦ—ਰਤਾ ਭਰ, ਥੋੜਾ ਚਿਰ। ਕਰ—ਹੱਥਾਂ ਨਾਲ। ਕਰਮ—ਕੰਮ। ਸ੍ਰਵਨਿ—ਕੰਨਾਂ ਨਾਲ।

ਅਰਥ:- ਆਪਣੇ ਅੰਦਰ ਅਕਾਲ ਪੁਰਖ ਦੀ ਵਡਿਆਈ ਕਰ। ਹੇ ਮੇਰੇ ਮਨ! ਇਹ ਸੱਚਾ ਵਿਹਾਰ ਕਰ।

ਜੀਭ ਨਾਲ ਮਿੱਠਾ (ਨਾਮ-) ਅੰਮ੍ਰਿਤ ਪੀ, (ਇਸ ਤਰ੍ਹਾਂ) ਆਪਣੀ ਜਿੰਦ ਨੂੰ ਸਦਾ ਲਈ ਸੁਖੀ ਕਰ ਲੈ।

ਅੱਖਾਂ ਨਾਲ ਅਕਾਲ ਪੁਰਖ ਦਾ (ਜਗਤ-) ਤਮਾਸ਼ਾ ਵੇਖ, ਭਲਿਆਂ ਦੀ ਸੰਗਤਿ ਵਿਚ (ਟਿਕਿਆਂ) ਹੋਰ (ਕੁਟੰਬ ਆਦਿਕ ਦਾ) ਮੋਹ ਮਿਟ ਜਾਂਦਾ ਹੈ।

ਪੈਰਾਂ ਨਾਲ ਰੱਬ ਦੇ ਰਾਹ ਤੇ ਤੁਰ। ਪ੍ਰਭੂ ਨੂੰ ਰਤਾ ਭਰ ਭੀ ਜਪੀਏ ਤਾਂ ਪਾਪ ਦੂਰ ਹੋ ਜਾਂਦੇ ਹਨ।

ਹੱਥਾਂ ਨਾਲ ਪ੍ਰਭੂ (ਦੇ ਰਾਹ) ਦੇ ਕੰਮ ਕਰ ਤੇ ਕੰਨ ਨਾਲ ਉਸ ਦੀ ਵਡਿਆਈ (ਸੁਣ); (ਇਸ ਤਰ੍ਹਾਂ) ਹੇ ਨਾਨਕ! ਪ੍ਰਭੂ ਦੀ ਦਰਗਾਹ ਵਿਚ ਸੁਰਖ਼-ਰੂ ਹੋ ਜਾਈਦਾ ਹੈ।2।